ਰਾਗੁ ਸੂਹੀ ਮਹਲਾ ੫ ਘਰੁ ੭ ੴ ਸਤਿਗੁਰ ਪ੍ਰਸਾਦਿ ॥ ਤੇਰਾ ਭਾਣਾ ਤੂਹੈ ਮਨਾਇਹਿ ਜਿਸ ਨੋ ਹੋਹਿ ਦਇਆਲਾ ॥ ਸਾਈ ਭਗਤਿ ਜੋ ਤੁਧੁ ਭਾਵੈ ਤੂੰ ਸਰਬ ਜੀਆ ਪ੍ਰਤਿਪਾਲਾ ॥੧॥ ਮੇਰੇ ਰਾਮ ਰਾਇ ਸੰਤਾ ਟੇਕ ਤੁਮ੍ਹ੍ਹਾਰੀ ॥ ਜੋ ਤੁਧੁ ਭਾਵੈ ਸੋ ਪਰਵਾਣੁ ਮਨਿ ਤਨਿ ਤੂਹੈ ਅਧਾਰੀ ॥੧॥ ਰਹਾਉ ॥ ਤੂੰ ਦਇਆਲੁ ਕ੍ਰਿਪਾਲੁ ਕ੍ਰਿਪਾ ਨਿਧਿ ਮਨਸਾ ਪੂਰਣਹਾਰਾ ॥ ਭਗਤ ਤੇਰੇ ਸਭਿ ਪ੍ਰਾਣਪਤਿ ਪ੍ਰੀਤਮ ਤੂੰ ਭਗਤਨ ਕਾ ਪਿਆਰਾ ॥੨॥ ਤੂ ਅਥਾਹੁ ਅਪਾਰੁ ਅਤਿ ਊਚਾ ਕੋਈ ਅਵਰੁ ਨ ਤੇਰੀ ਭਾਤੇ ॥ ਇਹ ਅਰਦਾਸਿ ਹਮਾਰੀ ਸੁਆਮੀ ਵਿਸਰੁ ਨਾਹੀ ਸੁਖਦਾਤੇ ॥੩॥ ਦਿਨੁ ਰੈਣਿ ਸਾਸਿ ਸਾਸਿ ਗੁਣ ਗਾਵਾ ਜੇ ਸੁਆਮੀ ਤੁਧੁ ਭਾਵਾ ॥ ਨਾਮੁ ਤੇਰਾ ਸੁਖੁ ਨਾਨਕੁ ਮਾਗੈ ਸਾਹਿਬ ਤੁਠੈ ਪਾਵਾ ॥੪॥੧॥੪੮॥ {ਪੰਨਾ 747}

ਪਦਅਰਥ:- ਤੂੰ ਹੈ—ਤੂੰ ਆਪ ਹੀ। ਭਾਣਾ—ਮਨਾਇਹਿ—ਤੂੰ ਰਜ਼ਾ ਵਿਚ ਤੋਰਦਾ ਹੈਂ। ਜਿਸ ਨੋ—{ਲਫ਼ਜ਼ 'ਜਿਸ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ}। ਹੋਹਿ—ਤੂੰ ਹੁੰਦਾ ਹੈਂ। ਦਇਆਲਾ—ਦਇਆਵਾਨ। ਸਾਈ—ਉਹੀ। ਤੁਧੁ ਭਾਵੈ—ਤੈਨੂੰ ਪਸੰਦ ਆਉਂਦੀ ਹੈ।1।

ਰਾਮਰਾਇ—ਹੇ ਪ੍ਰਭੂ ਪਾਤਿਸ਼ਾਹ! ਟੇਕ—ਆਸਰਾ। ਪਰਵਾਣ—ਕਬੂਲ। ਮਨਿ—ਮਨ ਵਿਚ। ਅਧਾਰੀ—ਆਸਰਾ।1। ਰਹਾਉ।

ਕ੍ਰਿਪਾਨਿਧਿ—ਕਿਰਪਾ ਦਾ ਖ਼ਜ਼ਾਨਾ। ਮਨਸਾ—{mnI—w} ਮਨ ਦੀ ਕਾਮਨਾ। ਭਗਤ—{ਲਫ਼ਜ਼ 'ਭਗਤਿ' ਅਤੇ 'ਭਗਤ' ਦਾ ਫ਼ਰਕ ਚੇਤੇ ਰੱਖੋ}। ਸਭਿ—ਸਾਰੇ। ਪ੍ਰਾਣਪਤਿ—ਹੇ ਜਿੰਦ ਦੇ ਮਾਲਕ!।2।

ਅਥਾਹੁ—ਜਿਸ ਦੀ ਹਾਥ ਨਾਹ ਪੈ ਸਕੇ। ਅਪਾਰੁ—ਜਿਸ ਦਾ ਪਾਰਲਾ ਬੰਨਾ ਨਾਹ ਲੱਭ ਸਕੇ। ਤੇਰੀ ਭਾਤੇ—ਤੇਰੀ ਭਾਂਤਿ ਦਾ, ਤੇਰੇ ਵਰਗੇ। ਸੁਆਮੀ—ਹੇ ਸੁਆਮੀ! ਸੁਖ ਦਾਤੇ—ਹੇ ਸੁਖ ਦੇਣ ਵਾਲੇ!।3।

ਰੈਣਿ—ਰਾਤ। ਸਾਸਿ ਸਾਸਿ—ਹਰੇਕ ਸਾਹ ਦੇ ਨਾਲ। ਗਾਵਾ—ਗਾਵਾਂ, ਮੈਂ ਗਾਂਦਾ ਰਹਾਂ। ਤੁਠੈ—ਜੇ ਤ੍ਰੁੱਠ ਪਏ। ਪਾਵਾ—ਪਾਵਾਂ, ਮੈਂ ਹਾਸਲ ਕਰਾਂ।4।

ਅਰਥ:- ਹੇ ਮੇਰੇ ਪ੍ਰਭੂ ਪਾਤਿਸ਼ਾਹ! ਤੇਰੇ ਸੰਤਾਂ ਨੂੰ (ਸਦਾ) ਤੇਰਾ ਹੀ ਆਸਰਾ ਰਹਿੰਦਾ ਹੈ। ਜੋ ਕੁਝ ਤੈਨੂੰ ਚੰਗਾ ਲੱਗਦਾ ਹੈ ਉਹੀ (ਤੇਰੇ ਸੰਤਾਂ ਨੂੰ) ਪਰਵਾਨ ਹੁੰਦਾ ਹੈ। ਉਹਨਾਂ ਦੇ ਮਨ ਵਿਚ, ਉਹਨਾਂ ਦੇ ਤਨ ਵਿਚ, ਤੂੰ ਹੀ ਆਸਰਾ ਹੈਂ।1। ਰਹਾਉ।

ਹੇ ਪ੍ਰਭੂ! ਜਿਸ ਮਨੁੱਖ ਉੱਤੇ ਤੂੰ ਦਇਆਵਾਨ ਹੁੰਦਾ ਹੈਂ ਤੂੰ ਆਪ ਹੀ ਉਸ ਨੂੰ ਆਪਣੀ ਰਜ਼ਾ ਵਿਚ ਤੋਰਦਾ

ਹੈਂ। ਅਸਲ ਭਗਤੀ ਉਹੀ ਹੈ ਜੋ ਤੈਨੂੰ ਪਸੰਦ ਆ ਜਾਂਦੀ ਹੈ। ਹੇ ਪ੍ਰਭੂ! ਤੂੰ ਸਾਰੇ ਜੀਵਾਂ ਦੀ ਪਾਲਣਾ ਕਰਨ ਵਾਲਾ ਹੈਂ।1।

ਹੇ ਪ੍ਰਭੂ! ਤੂੰ ਦਇਆ ਦਾ ਘਰ ਹੈਂ, ਤੂੰ ਕਿਰਪਾ ਦਾ ਖ਼ਜ਼ਾਨਾ ਹੈਂ, ਤੂੰ (ਆਪਣੇ ਭਗਤਾਂ ਦੀ) ਮਨੋ-ਕਾਮਨਾ ਪੂਰੀ ਕਰਨ ਵਾਲਾ ਹੈਂ। ਹੇ ਜਿੰਦ ਦੇ ਮਾਲਕ! ਹੇ ਪ੍ਰੀਤਮ ਪ੍ਰਭੂ! ਤੇਰੇ ਸਾਰੇ ਭਗਤ (ਤੈਨੂੰ ਪਿਆਰੇ ਲੱਗਦੇ ਹਨ), ਤੂੰ ਭਗਤਾਂ ਨੂੰ ਪਿਆਰਾ ਲੱਗਦਾ ਹੈਂ।2।

ਹੇ ਪ੍ਰਭੂ! (ਤੇਰੇ ਦਿਲ ਦੀ) ਡੂੰਘਾਈ ਨਹੀਂ ਲੱਭ ਸਕਦੀ, ਤੇਰੀ ਹਸਤੀ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ, ਤੂੰ ਬਹੁਤ ਹੀ ਉੱਚਾ ਹੈਂ, ਕੋਈ ਹੋਰ ਤੇਰੇ ਵਰਗਾ ਨਹੀਂ ਹੈ। ਹੇ ਮਾਲਕ! ਹੇ ਸੁਖਾਂ ਦੇ ਦੇਣ ਵਾਲੇ! ਅਸਾਂ ਜੀਵਾਂ ਦੀ (ਤੇਰੇ ਅੱਗੇ) ਇਹੀ ਅਰਜ਼ੋਈ ਹੈ, ਕਿ ਸਾਨੂੰ ਤੂੰ ਕਦੇ ਭੀ ਨਾਹ ਭੁੱਲ।6।

ਹੇ ਸੁਆਮੀ! ਜੇ ਮੈਂ ਤੈਨੂੰ ਚੰਗਾ ਲੱਗਾਂ (ਜੇ ਤੇਰੀ ਮੇਰੇ ਉਤੇ ਮੇਹਰ ਹੋਵੇ) ਮੈਂ ਦਿਨ ਰਾਤ ਹਰੇਕ ਸਾਹ ਦੇ ਨਾਲ ਤੇਰੇ ਗੁਣ ਗਾਂਦਾ ਰਹਾਂ। (ਤੇਰਾ ਦਾਸ) ਨਾਨਕ (ਤੈਥੋਂ) ਤੇਰਾ ਨਾਮ ਮੰਗਦਾ ਹੈ (ਇਹੀ ਨਾਨਕ ਵਾਸਤੇ) ਸੁਖ (ਹੈ)। ਹੇ ਮੇਰੇ ਸਾਹਿਬ! ਜੇ ਤੂੰ ਦਇਆਵਾਨ ਹੋਵੇਂ, ਤਾਂ ਮੈਨੂੰ ਇਹ ਦਾਤਿ ਮਿਲ ਜਾਏ।4।1।48।